# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :06-03-2026

ਪੰਜਾਬ ਵਿਧਾਨ ਸਭਾ ਦਾ ਬਜਟ ਸੈਸ਼ਨ ਅੱਜ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਉਦਘਾਟਨੀ ਭਾਸ਼ਣ ਨਾਲ ਸ਼ੁਰੂ ਹੋ ਗਿਆ ਏ। 11 ਦਿਨਾਂ ਦੇ ਇਸ ਸੈਸ਼ਨ ਵਿੱਚ 'ਆਪ' ਸਰਕਾਰ ਅਗਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣਾ ਪੰਜਵਾਂ ਅਤੇ ਆਖਰੀ ਬਜਟ ਪੇਸ਼ ਕਰੇਗੀ। ਸੂਬੇ ਦੇ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ 8 ਮਾਰਚ ਐਤਵਾਰ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਬਜਟ ਪ੍ਰਸਤਾਵ ਪੇਸ਼ ਕਰਨ ਦੀ ਉਮੀਦ ਏ । ਵਿਧਾਨ ਸਭਾ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਵੇਗਾ ਜਦੋਂ ਬਜਟ ਐਤਵਾਰ ਨੂੰ ਪੇਸ਼ ਕੀਤਾ ਜਾਵੇਗਾ। ਇਸ ਦੌਰਾਨ, ਰਾਜਪਾਲ ਵੱਲੋਂ ਭਾਸ਼ਣ ਸ਼ੁਰੂ ਕਰਨ ਤੋਂ ਤੁਰੰਤ ਬਾਅਦ, ਕਾਂਗਰਸ ਨੇ ਵੱਖ-ਵੱਖ ਮੁੱਦਿਆਂ 'ਤੇ ਸੂਬਾ ਸਰਕਾਰ ਦੀ ਅਸਫਲਤਾ ਦੇ ਵਿਰੋਧ ਵਿੱਚ ਬਾਈਕਾਟ ਕੀਤਾ ਅਤੇ ਵਾਕਆਊਟ ਕਰ ਦਿੱਤਾ।

---

ਰਾਸ਼ਟਰਪਤੀ ਦ੍ਰੋਪਤੀ ਮੁਰਮੂ ਨੇ ਸਾਬਕਾ ਰਾਜਦੂਤ ਤਰਨਜੀਤ ਸਿੰਘ

ਸੰਧੂ ਨੂੰ ਰਾਜਧਾਨੀ ਨਵੀਂ ਦਿੱਲੀ ਦਾ ਲੈਫਟੀਨੈਂਟ ਗਵਰਨਰ ਨਿਯੁਕਤ ਕੀਤਾ ਏ। ਸ੍ਰੀ ਸੰਧੂ ਨੇ ਵੀ.ਕੇ. ਸਕਸੈਨਾ ਦੀ ਥਾਂ ਲਈ ਏ, ਜਿਨ੍ਹਾਂ ਨੂੰ ਲੱਦਾਖ ਦਾ ਲੈਫਟੀਨੈਂਟ ਗਵਰਨਰ ਬਣਾਇਆ ਗਿਆ ਏ। ਸੰਯੁਕਤ ਰਾਜ ਅਮਰੀਕਾ ਵਿੱਚ ਸਾਬਕਾ ਰਾਜਦੂਤ ਰਹੇ ਸ੍ਰੀ ਸੰਧੂ ਨੇ ਆਪਣੇ ਜੱਦੀ ਸ਼ਹਿਰ ਅੰਮ੍ਰਿਤਸਰ ਤੋਂ 2024 ਦੀਆਂ ਲੋਕ ਸਭਾ ਚੋਣ ਲੜੀ ਸੀ ਪਰ ਅਸਫਲ ਰਹੇ ਸਨ। ਲੱਦਾਖ ਦੇ ਉਪ ਰਾਜਪਾਲ ਕਵਿੰਦਰ ਗੁਪਤਾ ਨੂੰ ਹਿਮਾਚਲ ਪ੍ਰਦੇਸ਼ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਏ। ਬਿਹਾਰ, ਨਾਗਾਲੈਂਡ, ਮਹਾਰਾਸ਼ਟਰ, ਤੇਲੰਗਾਨਾ ਅਤੇ ਪੱਛਮੀ ਬੰਗਾਲ ਰਾਜਾਂ ਨੂੰ ਵੀ ਨਵੇਂ ਰਾਜਪਾਲ ਮਿਲੇ ਨੇ। ਕੇਰਲਾ ਦੇ ਰਾਜਪਾਲ ਨੂੰ ਤਾਮਿਲਨਾਡੂ ਦਾ ਵੀ ਵਾਧੂ ਚਾਰਜ ਦਿੱਤਾ ਗਿਆ ਏ।

---------------------------------------------------

ਜ਼ਿਲ੍ਹਾ ਸੰਗਰੂਰ ਵਿੱਚ ਲੋਕ ਮਿਲਣੀ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਆਉਣ ਵਾਲੇ ਬਜਟ ਵਿੱਚ ਆਰਥਿਕ ਵਿਕਾਸ ਨੂੰ ਤੇਜ਼ ਕਰਨ ਦੇ ਨਾਲ-ਨਾਲ ਲੋਕਾਂ ਲਈ ਭਲਾਈ ਦੇ ਉਦੇਸ਼ ਨਾਲ ਕਈ ਨਵੇਂ ਲੋਕ-ਪੱਖੀ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਜਨਤਾ ਦੇ ਪੈਸੇ ਦੀ ਜ਼ਿੰਮੇਵਾਰੀ ਨਾਲ ਵਰਤੋਂ ਕੀਤੀ ਏ ਤੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫਤ ਬਿਜਲੀ ਪਹੁੰਚਾਈ ਏ ਅਤੇ 881 ਆਮ ਆਦਮੀ

ਕਲੀਨਿਕ ਸਥਾਪਤ ਕੀਤੇ ਨੇ ਤੇ ਰਿਸ਼ਵਤ ਜਾਂ ਸਿਫਾਰਸ਼ ਤੋਂ ਬਿਨਾਂ 63 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਨੇ।

-----------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਬੀਤੇ ਕੱਲ੍ਹ ਚੰਡੀਗੜ੍ਹ ਵਿਖੇ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਭੋਜਨ ਪਦਾਰਥਾਂ ਦੀ ਜਾਂਚ ਲਈ ਇੱਕ ਵਿਸ਼ਾਲ ਤੇ ਟੀਚਾਗਤ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਲਈ ਸਿਹਤਮੰਤ ਭੋਜਨ ਯਕੀਨੀ ਬਣਾਉਣ ਲਈ ਕੋਈ ਕਸਰ ਬਾਰੀ ਨਹੀਂ ਛੱਡ ਰਹੀ। ਸੀਨੀਅਰ ਅਧਿਕਾਰੀਆਂ, ਜਨਤਕ ਸਿਹਤ ਮਾਹਿਰਾਂ ਅਤੇ ਮੁੱਖ ਰੈਗੂਲੇਟਰੀ ਤੇ ਵਿਗਿਆਨਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਬਲਬੀਰ ਸਿੰਘ ਨੇ ਫੂਡ ਐਂਡ ਡਰੱਗਜ਼ ਐਡਮਿਨਿਸਟ੍ਰੇਸ਼ਨ (ਐਫ.ਡੀ.ਏ.) ਨੂੰ 'ਫੂਡ ਸੇਫਟੀ ਆਨ ਵ੍ਹੀਲਜ਼' (ਐਫ.ਐਸ.ਡਬਲਯੂਜ਼) ਵੈਨਾਂ ਰਾਹੀਂ ਭੋਜਨ ਵਿੱਚ ਮਿਲਾਵਟਖ਼ੋਰੀ ਦੀ ਵਿਆਪਕ ਜਾਂਚ ਲਈ ਇਕ ਤੋਂ 15 ਅਪ੍ਰੈਲ, ਤੱਕ 15 ਦਿਨਾ ਰਾਜ ਵਿਆਪੀ ਮੁਹਿੰਮ ਵਿੱਢਣ ਦੇ ਨਿਰਦੇਸ਼ ਦਿੱਤੇ। ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਇਹ ਮੋਬਾਈਲ ਵੈਨਾਂ ਭੋਜਨ ਵਿੱਚ ਮਿਲਾਵਟਖ਼ੋਰੀ ਵਿਰੁੱਧ ਲੜਾਈ ਵਿੱਚ ਇੱਕ ਮਹੱਤਵਪੂਰਨ ਸਾਧਨ ਨੇ, ਸਿਹਤ ਮੰਤਰੀ ਨੇ ਸਾਰੇ

ਫੂਡ ਬਿਜ਼ਨਸ ਆਪਰੇਟਰਾਂ (ਐਫ.ਬੀ.ਓਜ਼.) ਅਤੇ ਆਮ ਲੋਕਾਂ ਨੂੰ ਇਸ ਵਿਸ਼ੇਸ਼ ਮੁਹਿੰਮ ਦੌਰਾਨ ਆਪਣੇ ਸੈਂਪਲਾਂ ਦੀ ਜਾਂਚ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਭੋਜਨ ਪਦਾਰਥਾਂ ਵਿੱਚ ਕੋਈ ਮਿਲਾਵਟ ਨਹੀਂ ਏ ਅਤੇ ਇਹ ਸੁਰੱਖਿਆ ਮਾਪਦੰਡਾਂ ਮੁਤਾਬਕ ਸਹੀ ਹਨ।

---------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਵੱਲੋਂ ਵੀਰਵਾਰ ਨੂੰ ਬਾਗ਼ਬਾਨੀ ਵਿਭਾਗ ਦੇ ਅਧਿਕਾਰੀਆਂ ਨਾਲ ਪੰਜਾਬ ਸਿਵਲ ਸਕੱਤਰੇਤ ਵਿਖੇ ਕਿਸਾਨ ਕੇਂਦਰਿਤ ਸਕੀਮਾਂ ਅਧੀਨ ਕੀਤੇ ਕੰਮਾਂ ਦੀ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਮੰਤਰੀ ਸ੍ਰੀ ਭਗਤ ਨੇ ਅਧਿਕਾਰੀਆਂ ਨਾਲ ਫ਼ਸਲੀ ਵਿਭਿੰਨਤਾ ਅਤੇ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਬਸਿਡੀਆਂ ਦਾ ਜਾਇਜ਼ਾ ਲਿਆ । ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਦੇ ਹੋਏ ਕਿਸਾਨਾਂ ਨੂੰ ਰਿਵਾਇਤੀ ਖੇਤੀ ਤੋਂ ਇਲਾਵਾ ਫਲਾਂ, ਸਬਜ਼ੀਆਂ, ਫੁੱਲਾਂ ਅਤੇ ਹੋਰ ਉੱਚ ਮੁੱਲ ਵਾਲੀਆਂ ਬਾਗ਼ਬਾਨੀ ਫਸਲਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਉਨ੍ਹਾਂ ਦੀ ਆਮਦਨ ਵਧਾਉਣ ਲਈ ਹਰ ਸੰਭਵ ਕਦਮ ਚੁੱਕ ਰਹੀ ਏ।

---

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਅੱਜ 5 ਮੁਲਜ਼ਮਾਂ ਅਤੇ ਇਕ ਨਾਬਾਲਗ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰਲੇ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਮੁਲਜਮਾਂ ਦੇ ਕਬਜ਼ੇ ਵਿੱਚੋਂ 5 ਆਧੁਨਿਕ ਪਿਸਤੌਲ, 34 ਜ਼ਿੰਦਾ ਕਾਰਤੂਸ ਅਤੇ ਇੱਕ ਤੇਜ਼ਧਾਰ ਹਥਿਆਰ ਬਰਾਮਦ ਕੀਤਾ ਗਿਆ ਏ। ਪੁਲਿਸ ਸੂਤਰਾਂ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਰਾਹੀਂ ਪਾਕਿਸਤਾਨ ਸਥਿਤ ਹਥਿਆਰਾਂ ਦੇ ਤਸਕਰਾਂ ਦੇ ਸੰਪਰਕ ਵਿੱਚ ਸਨ ਜੋ ਤਾਲਮੇਲ ਕਰ ਕੇ ਉਨ੍ਹਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਹਥਿਆਰਾਂ ਦੀ ਖੇਪ ਮੁਹੱਈਆ ਕਰਦੇ ਸਨ। ਇਸ ਸਬੰਧੀ ਐਫਆਈਆਰ ਦਰਜ ਕਰ ਲਈ ਗਈ ਏ ਅਤੇ ਮਾਮਲੇ ਦੀ ਹੋਰ ਜਾਂਚ ਜਾਰੀ ਏ।

---

ਭਾਰਤ ਆਈ.ਸੀ.ਸੀ. T-20 ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ ਪੁੱਜ ਗਿਆ ਏ। ਬੀਤੀ ਰਾਤ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਖੇਡੇ ਗਏ ਦੂਜੇ ਸੈਮੀਫਾਈਨਲ ਵਿੱਚ ਭਾਰਤ ਨੇ ਇੰਗਲੈਂਡ ਨੂੰ ਸੱਤ ਦੌੜਾਂ ਨਾਲ ਹਰਾ ਦਿੱਤਾ। ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਵੀਹ ਓਵਰਾਂ ਵਿੱਚ ਸੱਤ ਵਿਕਟਾਂ 'ਤੇ 253 ਦੌੜਾਂ ਬਣਾਈਆਂ। ਸੰਜੂ ਸੈਮਸਨ ਨੇ 42

ਗੇਂਦਾਂ 'ਤੇ ਸ਼ਾਨਦਾਰ 89 ਦੌੜਾਂ ਬਣਾਈਆਂ ਅਤੇ ਸ਼ਿਵਮ ਦੂਬੇ ਨੇ 43 ਦੌੜਾਂ ਦਾ ਯੋਗਦਾਨ ਪਾਇਆ। ਟੀਚੇ ਦਾ ਪਿੱਛਾ ਕਰਦੇ ਹੋਏ, ਇੰਗਲੈਂਡ ਦੀ ਟੀਮ 20 ਓਵਰਾਂ ਵਿਚ ਸੱਤ ਵਿਕਟਾਂ 'ਤੇ 246 ਦੌੜਾਂ ਹੀ ਬਣਾ ਸਕੀ। ਇੰਗਲੈਂਡ ਲਈ ਜੈਕਬ ਬੈਥਲ ਨੇ 48 ਗੇਂਦਾਂ 'ਤੇ 105 ਦੌੜਾਂ ਬਣਾਈਆਂ। ਸੰਜੂ ਸੈਮਸਨ ਨੂੰ ਪਲੇਅਰ ਆਫ਼ ਦ ਮੈਚ ਐਲਾਨਿਆ ਗਿਆ। ਭਾਰਤ ਐਤਵਾਰ ਨੂੰ ਫਾਈਨਲ ਵਿੱਚ ਨਿਊਜ਼ੀਲੈਂਡ ਦਾ ਸਾਹਮਣਾ ਕਰੇਗਾ। ਇਹ ਮੈਚ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ।

---------------------------------------------------------